# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ), ਪੰਜਾਬ

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ/ਐ.ਸਿ), ਪੰਜਾਬ।
2. ਸਮੂਹ ਸਕੂਲ ਮੁੱਖੀ, ਪੰਜਾਬ।
3. ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਪੰਜਾਬ।

ਮੀਮੋ ਨੰ: ਡਿਪਟੀ ਐਸ.ਪੀ.ਡੀ (ਪੀ.ਈ.ਡੀ.ਬੀ)/2021/146389

ਮਿਤੀ: 03.05.2021

**ਵਿਸ਼ਾ: ਈ.ਟੀ.ਟੀ, ਐਚ.ਟੀ ਅਤੇ ਸੀ.ਐਚ.ਟੀ ਬਦਲੀਆਂ ਦੇ ਹੁਕਮ ਲਾਗੂ ਕਰਨ ਸਬੰਧੀ।**

**ਹਵਾਲਾ:** ਇਸ ਦਫਤਰ ਦੇ ਪੱਤਰ ਨੰ:ਡਿਪਟੀ ਐਸ.ਪੀ.ਡੀ (ਪੀ.ਈ.ਡੀ.ਬੀ)/2021/1228532 ਮਿਤੀ 08.04.2021, ਡਿਪਟੀ ਐਸ.ਪੀ.ਡੀ (ਪੀ.ਈ.ਡੀ.ਬੀ)/2021/128121 ਮਿਤੀ 14.04.2021, ਡਿਪਟੀ ਐਸ.ਪੀ.ਡੀ (ਪੀ.ਈ.ਡੀ.ਬੀ)/2021/134100 ਮਿਤੀ 20.04.2021 ਅਤੇ ਪੱਤਰ ਮਿਤੀ: 27.04.2021

1.0 ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਰਾਹੀਂ ਲਿਖਿਆ ਗਿਆ ਸੀ ਕਿ ਵਿਭਾਗ ਵਲੋਂ ਮਿਤੀ 24.03.2021 ਨੂੰ ਜਾਰੀ ਕੀਤੇ ਪਹਿਲੇ ਗੇੜ ਦੀਆਂ ਬਦਲੀਆਂ ਅਤੇ ਮਿਤੀ 09.04.2021 ਨੂੰ ਦੂਜੇ ਗੇੜ ਦੀਆਂ ਬਦਲੀਆਂ ਦੇ ਹੁਕਮ ਮਿਤੀ 28.04.2021 ਨੂੰ ਲਾਗੂ ਕੀਤੇ ਜਾਣਗੇ।

2.0 ਉਪਰੋਕਤ ਤੋਂ ਇਲਾਵਾ ਲਿਖਿਆ ਗਿਆ ਸੀ ਕਿ:-

" In case of Primary schools if upon implementation of the transfer orders the school is likely to become teacherless, then these orders shall be implemented only upon on getting the replacement of the said teacher during the subsequent rounds of transfers."

3.0 ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਜੇਕਰ ਪ੍ਰਾਇਮਰੀ ਕਾਡਰ ਦੇ ਅਧਿਆਪਕ ਭਾਵ ਈ.ਟੀ.ਟੀ, ਐਚ.ਟੀ ਅਤੇ ਸੀ.ਐਚ.ਟੀ ਦੀਆਂ ਬਦਲੀਆਂ ਮਿਤੀ 04.05.2021 ਨੂੰ ਲਾਗੂ ਕੀਤੀਆਂ ਜਾਂਦੀਆਂ ਹਨ ਤਾਂ ਕਾਫੀ ਗਿਣਤੀ ਵਿੱਚ ਪ੍ਰਾਇਮਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਅਨੁਸਾਰ ਅਧਿਆਪਕਾਂ ਦੀ ਘਾਟ ਹੋਵੇਗੀ। ਇਸ ਤੋਂ ਇਲਾਵਾ ਪ੍ਰਾਇਮਰੀ ਅਧਿਆਪਕਾਂ ਦੀ ਨਵੀਂ ਨਿਯੁਕਤੀ ਸਬੰਧੀ ਕੇਸ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਪੈਂਡਿੰਗ ਹੈ।

4.0 ਉਪਰੋਕਤ ਸਥਿਤੀ ਦੇ ਸਨਮੁੱਖ ਵਿਭਾਗ ਵਲੋਂ ਪ੍ਰਾਇਮਰੀ ਕਾਡਰ ਦੇ ਅਧਿਆਪਕ ਈ.ਟੀ.ਟੀ, ਐਚ.ਟੀ ਅਤੇ ਸੀ.ਐਚ.ਟੀ ਦੀਆਂ ਬਦਲੀਆਂ ਲਾਗੂ ਕਰਨ ਦੀ ਮਿਤੀ 11.05.2021 ਤੱਕ ਮੁਲਤਵੀ ਕੀਤੀ ਜਾਂਦੀ ਹੈ।

ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ), ਪੰਜਾਬ